# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

**ਕੰਟਰੋਲਰ (ਪ੍ਰੀਖਿਆਵਾਂ) ਦਫਤਰ**

ਨੰ. 27686/ਸੀ.ਓ.ਈ.

ਮਿਤੀ 17/02/2025

**ਯਾਦ-ਪੱਤਰ**

ਸਮੂਹ ਵਿਭਾਗਾਂ ਦੇ ਮੁਖੀ ਸਾਹਿਬਾਨ,
ਸਮੂਹ ਕੰਸਟੀਚਿਊਟ ਕਾਲਜ/ਨੇਬਰਹੁੱਡ ਕੈਂਪਸ ਅਤੇ
ਕਾਲਜਾਂ ਦੇ ਪ੍ਰਿੰਸੀਪਲ/ਇੰਚਾਰਜ਼/ਕੋਆਰਡੀਨੇਟਰ ਸਾਹਿਬਾਨ

ਕੰਟਰੋਲਰ ਦਫਤਰ ਵੱਲੋਂ ਪਹਿਲਾਂ ਜਾਰੀ ਕੀਤੇ ਗਏ ਪੱਤਰ ਨੰ. 26515/ਸੀ.ਓ.ਈ. ਮਿਤੀ 16.01.2025 ਦੀ ਲਗਾਤਾਰਤਾ ਦੇ ਸਬੰਧ ਵਿੱਚ ਮਈ, 2025 ਦੇ ਪ੍ਰੀਖਿਆ ਫਾਰਮ ਭਰੇ ਜਾ ਰਹੇ ਹਨ। ਇਨ੍ਹਾਂ ਪ੍ਰੀਖਿਆ ਫਾਰਮਾਂ ਨੂੰ ਭਰਨ ਦੀ ਆਖਰੀ ਮਿਤੀ ਬਿਨਾਂ ਲੇਟ ਫੀਸ ਮਿਤੀ 28 ਫਰਵਰੀ, 2025 ਹੈ। ਪਿਛਲੇ ਸਮੇਂ ਦੌਰਾਨ ਵੇਖਿਆ ਗਿਆ ਹੈ ਕਿ ਬਹੁਤ ਸਾਰੇ ਕਾਲਜ/ਵਿਭਾਗ ਅਤੇ ਵਿਦਿਆਰਥੀ ਪ੍ਰੀਖਿਆ ਫਾਰਮ ਬਿਲਕੁੱਲ ਆਖਰੀਆਂ ਮਿਤੀਆਂ ਦੌਰਾਨ ਹੀ ਭਰਦੇ ਹਨ, ਜਿਸ ਕਾਰਨ ਯੂਨੀਵਰਸਿਟੀ ਪ੍ਰੀਖਿਆ ਸ਼ਾਖਾ ਦੇ ਪੋਰਟਲ ਦੇ ਨਾਲ ਸਬੰਧਿਤ ਸਮੱਸਿਆਵਾਂ ਬਾਰੇ ਬਹੁਤ ਸਾਰੀਆਂ ਸਿਕਾਇਤਾਂ ਆਉਂਦੀਆਂ ਹਨ।

ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੈਸ਼ਨ ਮਈ, 2025 ਦੇ ਪ੍ਰੀਖਿਆ ਫਾਰਮ ਅਤੇ ਉਨਾਂ ਦੀ ਬਣਦੀ ਪ੍ਰੀਖਿਆ ਫੀਸ ਜਲਦ ਤੋਂ ਜਲਦ ਪੋਰਟਲ ਉੱਪਰ ਅਪਲੋਡ ਕਰਨ ਉਪਰੰਤ ਕਾਲਜਾਂ/ਵਿਭਾਗਾਂ ਵੱਲੋਂ ਲੋੜੀਂਦੀ ਕਾਰਵਾਈ ਪੂਰੀ ਕੀਤੀ ਜਾਵੇ।

ਇੱਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਪ੍ਰੀਖਿਆ ਫਾਰਮ ਅਤੇ ਪ੍ਰੀਖਿਆ ਫੀਸ ਭਰਨ ਦੀ ਮਿਤੀ ਵਿੱਚ ਜਾਰੀ ਕੀਤੇ ਗਏ ਸ਼ਡਿਊਲ ਵਿੱਚ ਕੋਈ ਵੀ ਵਾਧਾ ਆਉਣ ਵਾਲੇ ਸਮੇਂ ਵਿੱਚ ਸੰਭਵ ਨਹੀਂ ਹੋਵੇਗਾ।

ਇਸ ਨੂੰ ਅਤਿ-ਜ਼ਰੂਰੀ ਅਤੇ ਮਿਤੀ-ਬੱਧ ਸਮਝਿਆ ਜਾਵੇ।

B B Singla 17/02/2025

**ਕੰਟਰੋਲਰ (ਪ੍ਰੀਖਿਆਵਾਂ)**

ਕੰਟਰੋਲਰ (ਪਰੀਖਿਆਵਾਂ)
ਪੰਜਾਬੀ ਯੂਨੀਵਰਸਿਟੀ,
ਪਟਿਆਲਾ